ਰਾਗੁ ਗਉੜੀ ਚੇਤੀ ॥ ਦੇਖੌ ਭਾਈ ਗ੍ਯ੍ਯਾਨ ਕੀ ਆਈ ਆਂਧੀ ॥ ਸਭੈ ਉਡਾਨੀ ਭ੍ਰਮ ਕੀ ਟਾਟੀ ਰਹੈ ਨ ਮਾਇਆ ਬਾਂਧੀ ॥੧॥ ਰਹਾਉ ॥ ਦੁਚਿਤੇ ਕੀ ਦੁਇ ਥੂਨਿ ਗਿਰਾਨੀ ਮੋਹ ਬਲੇਡਾ ਟੂਟਾ ॥ ਤਿਸਨਾ ਛਾਨਿ ਪਰੀ ਧਰ ਊਪਰਿ ਦੁਰਮਤਿ ਭਾਂਡਾ ਫੂਟਾ ॥੧॥ ਆਂਧੀ ਪਾਛੇ ਜੋ ਜਲੁ ਬਰਖੈ ਤਿਹਿ ਤੇਰਾ ਜਨੁ ਭੀਨਾਂ ॥ ਕਹਿ ਕਬੀਰ ਮਨਿ ਭਇਆ ਪ੍ਰਗਾਸਾ ਉਦੈ ਭਾਨੁ ਜਬ ਚੀਨਾ ॥੨॥੪੩॥ {ਪੰਨਾ 331}

ਪਦਅਰਥ:- ਗਜ੍ਯ੍ਯਾਨ—ਸਮਝ {ਨੋਟ:- ਅੱਖਰ ‘ਗ’ ਦੇ ਹੇਠਾਂ ਅੱਧਾ ਅੱਖਰ ‘ਯ’ ਹੈ}। ਆਂਧੀ—ਹਨੇਰੀ, ਝੱਖੜ। ਸਭੈ—ਸਾਰੀ ਦੀ ਸਾਰੀ। ਟਾਟੀ—ਛੱਪਰ। ਰਹੈ ਨ—ਟਿਕੀ ਨਹੀਂ ਰਹਿ ਸਕਦੀ। ਮਾਇਆ ਬਾਂਧੀ—ਮਾਇਆ ਨਾਲ ਬੱਝੀ ਹੋਈ, ਮਾਇਆ ਦੇ ਆਸਰੇ ਖਲੋਤੀ ਹੋਈ।1। ਰਹਾਉ।

ਦੁਇ—ਦ੍ਵੈਤ, ਪ੍ਰਭੂ ਤੋਂ ਬਿਨਾ ਕਿਸੇ ਹੋਰ ਦਾ ਆਸਰਾ ਤੱਕਣਾ। ਥੂਨਿ—ਥੰਮ੍ਹੀ। ਬਲੇਂਡਾ—ਵਲਾ। ਛਾਨਿ—ਛੰਨ, ਛੱਪਰ, ਕੁੱਲੀ। ਧਰ—ਧਰਤੀ। ਫੂਟਾ—ਟੁੱਟ ਗਿਆ।1।

ਬਰਖੈ—ਵਰ੍ਹਦਾ ਹੈ। ਤਿਹਿ—ਉਸ (ਮੀਂਹ) ਵਿਚ। ਭੀਨਾ—ਭਿੱਜ ਗਿਆ। ਮਨਿ—ਮਨ ਵਿਚ। ਪ੍ਰਗਾਸਾ—ਪ੍ਰਕਾਸ਼, ਚਾਨਣ। ਉਦੈ—ਚੜ੍ਹਿਆ ਹੋਇਆ। ਚੀਨਾ—ਵੇਖ ਲਿਆ।2।

ਅਰਥ:- ਹੇ ਸੱਜਣ! ਵੇਖ, (ਜਦੋਂ) ਗਿਆਨ ਦੀ ਹਨੇਰੀ ਆਉਂਦੀ ਹੈ ਤਾਂ ਭਰਮ-ਵਹਿਮ ਦਾ ਛੱਪਰ ਸਾਰੇ ਦਾ ਸਾਰਾ ਉੱਡ ਜਾਂਦਾ ਹੈ; ਮਾਇਆ ਦੇ ਆਸਰੇ ਖਲੋਤਾ ਹੋਇਆ (ਇਹ ਛੱਪਰ ਗਿਆਨ ਦੀ ਹਨੇਰੀ ਦੇ ਅੱਗੇ) ਟਿਕਿਆ ਨਹੀਂ ਰਹਿ ਸਕਦਾ।1। ਰਹਾਉ।

(ਭਰਮਾਂ-ਵਹਿਮਾਂ ਵਿਚ) ਡੋਲਦੇ ਮਨ ਦੀ ਦ੍ਵੈਤ-ਰੂਪ ਥੰਮ੍ਹੀ ਡਿੱਗ ਪੈਂਦੀ ਹੈ (ਭਾਵ, ਪ੍ਰਭੂ ਦੀ ਟੇਕ ਛੱਡ ਕੇ ਕਦੇ ਕੋਈ ਆਸਰਾ ਤੱਕਣਾ, ਕਦੇ ਕੋਈ ਸਹਾਰਾ ਬਣਾਉਣਾ—ਮਨ ਦੀ ਇਹ ਡਾਵਾਂ-ਡੋਲ ਹਾਲਤ ਮੁੱਕ ਜਾਂਦੀ ਹੈ)। ਇਸ ਦੁਨੀਆਵੀ ਆਸਰੇ ਦੀ ਥੰਮ੍ਹੀ ਤੇ ਟਿਕਿਆ ਹੋਇਆ) ਮੋਹ-ਰੂਪ ਵਲਾ (ਭੀ ਡਿੱਗ ਕੇ) ਟੁੱਟ ਜਾਂਦਾ ਹੈ। (ਇਸ ਮੋਹ-ਰੂਪ ਵਲੇ ਤੇ ਟਿਕਿਆ ਹੋਇਆ) ਤ੍ਰਿਸ਼ਨਾ ਦਾ ਛੱਪਰ (ਵਲਾ ਟੁੱਟ ਜਾਣ ਕਰਕੇ) ਭੁੰਞੇ ਆ ਪੈਂਦਾ ਹੈ, ਤੇ ਇਸ ਕੁਚੱਜੀ ਮੱਤ ਦਾ ਭਾਂਡਾ ਭੱਜ ਜਾਂਦਾ ਹੈ (ਭਾਵ, ਇਹ ਸਾਰੀ ਦੀ ਸਾਰੀ ਕੁਚੱਜੀ ਮੱਤ ਮੁੱਕ ਜਾਂਦੀ ਹੈ)।1।

ਕਬੀਰ ਆਖਦਾ ਹੈ—(ਗਿਆਨ ਦੀ) ਹਨੇਰੀ ਦੇ ਪਿਛੋਂ ਜਿਹੜਾ (‘ਨਾਮ’ ਦਾ) ਮੀਂਹ ਵਰ੍ਹਦਾ ਹੈ, ਉਸ ਵਿਚ (ਹੇ ਪ੍ਰਭੂ! ਤੇਰੀ ਭਗਤੀ ਕਰਨ ਵਾਲਾ) ਤੇਰਾ ਭਗਤ ਭਿੱਜ ਜਾਂਦਾ ਹੈ (ਭਾਵ, ਗਿਆਨ ਦੀ ਬਰਕਤਿ ਨਾਲ ਭਰਮ-ਵਹਿਮ ਮੁੱਕ ਜਾਣ ਤੇ ਜਿਉਂ ਜਿਉਂ ਮਨੁੱਖ ਨਾਮ ਜਪਦਾ ਹੈ, ਉਸ ਦੇ ਮਨ ਵਿਚ ਸ਼ਾਂਤੀ ਤੇ ਟਿਕਾਉ ਪੈਦਾ ਹੁੰਦਾ ਹੈ)। ਜਦੋਂ (ਹੇ ਪ੍ਰਭੂ! ਤੇਰਾ ਸੇਵਕ) ਆਪਣੇ ਅੰਦਰ (ਤੇਰੇ ਨਾਮ ਦਾ) ਸੂਰਜ ਚੜ੍ਹਿਆ ਹੋਇਆ ਤੱਕਦਾ ਹੈ ਤਾਂ ਉਸ ਦੇ ਮਨ ਵਿਚ ਚਾਨਣ (ਹੀ ਚਾਨਣ) ਹੋ ਜਾਂਦਾ ਹੈ।2। 43।

ਸ਼ਬਦ ਦਾ ਭਾਵ:- ਜਿਤਨਾ ਚਿਰ ਮਨੁੱਖ ਮਾਇਆ ਦੇ ਬੰਧਨਾਂ ਵਿਚ ਜਕੜਿਆ ਰਹਿੰਦਾ ਹੈ, ਇਸ ਦਾ ਡੋਲਦਾ ਮਨ ਪ੍ਰਭੂ ਨੂੰ ਵਿਸਾਰ ਕੇ ਹੋਰ ਹੋਰ ਆਸਰੇ-ਪਰਨੇ ਤੱਕਦਾ ਹੈ; ਮੋਹ ਦੇ ਕਾਰਨ ਤ੍ਰਿਸ਼ਨਾ-ਲਾਲਚ ਦੀ ਹੀ ਸਾਰੀ ਜੀਵਨ-ਉਸਾਰੀ ਬਣਾਈ ਰੱਖਦਾ ਹੈ। ਪਰ, ਸਤਿਗੁਰੂ ਦੇ ਗਿਆਨ ਦੀ ਬਰਕਤਿ ਨਾਲ ਇਹ ਕੁਚੱਜੀ ਬਣਤਰ ਮੁੱਕ ਜਾਂਦੀ ਹੈ। ਫਿਰ, ਜਿਉਂ ਜਿਉਂ ਨਾਮ ਸਿਮਰਦਾ ਹੈ, ਸਮਝ ਉੱਚੀ ਹੁੰਦੀ ਹੈ, ਤੇ ਨਾਮ-ਰਸ ਦਾ ਆਨੰਦ ਆਉਂਦਾ ਹੈ। 43।